ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ 26 ਕੈਡਿਟਾਂ ਦੀ ਐਨ.ਡੀ.ਏ. ਲਈ ਚੋਣ

10 ਕੈਡਿਟਾਂ ਨੇ ਆਲ ਇੰਡੀਆ ਰੈਂਕਿੰਗ 'ਚ ਪਹਿਲੇ 100 'ਚ ਸਥਾਨ ਹਾਸਲ ਕੀਤਾ

ਮੋਹਾਲੀ, 12 ਅਪ੍ਰੈਲ (ਸਤਵਿੰਦਰ ਸਿੰਘ ਧੜਾਕ) : ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ (ਮੋਹਾਲੀ) ਦੇ 26 ਹੋਰ ਕੈਡਿਟਾਂ ਨੇ ਜੂਨ 2025 'ਚ ਸ਼ੁਰੂ ਹੋਣ ਵਾਲੇ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.)-154 ਕੋਰਸ ਲਈ ਯੂ.ਪੀ.ਐਸ.ਸੀ. ਆਲ ਇੰਡੀਆ ਮੈਰਿਟ ਸੂਚੀ 'ਚ ਸਥਾਨ ਹਾਸਲ ਕੀਤਾ ਹੈ। ਪਟਿਆਲਾ ਤੋਂ ਕੈਡਿਟ ਆਰੀਅਨ ਸੋਫਥ ਨੇ ਆਲ ਇੰਡੀਆ ਰੈਂਕਿੰਗ ਵਿਚ 9ਵਾਂ ਰੈਂਕ ਪ੍ਰਾਪਤ ਕੀਤਾ ਹੈ, ਜਦੋਂਕਿ ਸੰਸਥਾ ਦੇ 10 ਕੈਡਿਟਾਂ ਨੇ ਮੈਰਿਟ ਦੇ ਟੌਪ-100 ਵਿਚ ਸਥਾਨ ਪ੍ਰਾਪਤ ਕੀਤਾ ਹੈ।

ਜ਼ਿਕਰਯੋਗ ਹੈ ਕਿ ਇਸ ਸੰਸਥਾ ਦੇ 34 ਕੈਡਿਟਾਂ, ਜਿਨ੍ਹਾਂ ਨੇ ਐਨ.ਡੀ.ਏ.-154 ਕੋਰਸ ਲਈ ਲਿਖਤੀ ਪ੍ਰੀਖਿਆ ਪਾਸ ਕੀਤੀ ਸੀ, 'ਚੋਂ 26 ਕੈਡਿਟਾਂ ਨੇ ਐਸ.ਐਸ.ਬੀ. ਪਾਸ ਕਰ ਲਈ ਹੈ। ਹੁਣ ਇਹ ਕੈਡਿਟ ਅਪਣੇ ਜੁਆਇਨਿੰਗ ਲੈਟਰਾਂ ਦੀ ਉਡੀਕ ਕਰ ਰਹੇ ਹਨ।

ਆਰੀਅਨ ਸੋਫਥ ਤੋਂ ਇਲਾਵਾ ਮੈਰਿਟ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ 25 ਕੈਡਿਟਾਂ 'ਚ ਅਨਹਦ ਸਿੰਘ ਖਾਟੂਮਰੀਆ, ਮੋਹਨਪ੍ਰੀਤ ਸਿੰਘ, ਅਰਮਾਨਵੀਰ ਸਿੰਘ ਅਧੀ, ਭਾਸਕਰ ਜੈਨ, ਮਨਜੋਤ ਸਿੰਘ, ਨਿਮਿਤ ਸੋਨੀ, ਹਰਕੰਵਲ ਸਿੰਘ, ਉਧੇਬੀਰ ਸਿੰਘ ਨੰਦਾ, ਪ੍ਰਜਵੀਰ ਸਿੰਘ, ਅਦਿੱਤਿਆ ਮਿਸ਼ਰਾ, ਰਣਬੀਰ ਸਿੰਘ, ਇਸ਼ਮੀਤ ਸਿੰਘ, ਇਸ਼ਾਨ ਸ਼ਰਮਾ, ਸਮਰਵੀਰ ਸਿੰਘ ਹੀਰ, ਬਲਰਾਜ ਸਿੰਘ ਹੀਰਾ, ਅਭੈ ਪ੍ਰਤਾਪ ਸਿੰਘ ਢਿੱਲੋਂ, ਭੁਵਨ ਧੀਮਾਨ, ਹਰਮਨਪ੍ਰੀਤ ਸਿੰਘ, ਸਾਹਿਬ ਸਿੰਘ ਧਾਲੀਵਾਲ, ਦਿਵਾਂਸ਼ੂ ਸੰਧੂ (ਸਾਰੇ ਇਸ ਇੰਸਟੀਚਿਊਟ ਦੇ 13ਵੇਂ ਕੋਰਸ ਤੋਂ) ਅਤੇ ਭਾਵਿਕ ਕਾਂਸਲ, ਗੁਰਵੰਸ਼ਬੀਰ ਸਿੰਘ, ਓਜਸ ਗੌਤ, ਸ਼ਿਵੇਨ ਤਾਇਲ ਅਤੇ ਗਗਨਦੀਪ ਸਿੰਘ (ਸਾਰੇ 12ਵੇਂ ਕੋਰਸ ਤੋਂ) ਸ਼ਾਮਲ ਹਨ। ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਕੈਡਿਟ ਪੰਜਾਬ ਦਾ ਮਾਣ ਹਨ। ਉਨ੍ਹਾਂ ਕੈਡਿਟਾਂ ਨੂੰ ਉਨ੍ਹਾਂ ਦੀ ਸਿਖਲਾਈ ਅਤੇ ਕਰੀਅਰ ਲਈ ਵਧਾਈ ਵੀ ਦਿਤੀ।

ਮਹਾਰਾਜਾ ਰਣਜੀਤ ਸਿੰਘ ਆਰਮਡ ਫ਼ੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ ਦੇ 13ਵੇਂ ਕੋਰਸ ਦੇ ਕੈਡਿਟਾਂ, ਜਿਨ੍ਹਾਂ ਦੀ ਐਨਡੀਏ ਕੋਰਸ ਲਈ ਚੋਣ ਹੋਈ ਹੈ, ਦੀ ਫ਼ਾਈਲ ਫ਼ੋਟੋ।

ਅਮਨ ਅਰੋੜਾ ਨੇ ਕੈਡਿਟਾਂ ਨੂੰ ਸਿਖਲਾਈ ਅਤੇ ਕਰੀਅਰ ਲਈ ਦਿਤੀਆਂ ਸ਼ੁਭਕਾਮਨਾਵਾਂ

ਅਰੋੜਾ ਨੇ ਕੈਡਿਟ ਗੁਨਜੋਤ ਸਿੰਘ (ਸੰਸਥਾ ਦੇ 7ਵੇਂ ਕੋਰਸ ਤੋਂ) ਅਤੇ ਕੈਡਿਟ ਆਰੀਅਨ ਦੱਤ (8ਵੇਂ ਕੋਰਸ) ਨੂੰ ਸ਼ਾਰਟ ਸਰਵਿਸ ਕਮਿਸ਼ਨ (ਟੈਕਨੀਕਲ) 64ਵੇਂ ਕੋਰਸ ਲਈ ਚੇਨੱਈ ਸਥਿਤ ਅਫ਼ਸਰ ਟਰੇਨਿੰਗ ਅਕੈਡਮੀ (ਓ.ਟੀ.ਏ.) ਲਈ ਉਨ੍ਹਾਂ ਦੀ ਚੋਣ 'ਤੇ ਵਧਾਈ ਵੀ ਦਿਤੀ।

ਸੰਸਥਾ ਦੇ ਡਾਇਰੈਕਟਰ ਮੇਜਰ ਜਨਰਲ (ਸੇਵਾਮੁਕਤ) ਅਜੈ ਐਚ. ਚੌਹਾਨ, ਵੀ.ਐਸ.ਐਮ., ਨੇ ਕਿਹਾ ਕਿ ਜੂਨ 2025 'ਚ ਸ਼ੁਰੂ ਹੋਣ ਵਾਲੇ ਐਨ.ਡੀ.ਏ.-154 ਕੋਰਸ ਲਈ ਇਸ ਸੰਸਥਾ ਦੇ ਸਭ ਤੋਂ ਵੱਧ ਕੈਡਿਟ ਸ਼ਾਮਲ ਹੋਏ ਹਨ। ਸੰਸਥਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤਕ ਇਸ ਸੰਸਥਾ ਦੇ ਕੁੱਲ 255 ਕੈਡਿਟ ਵੱਖ-ਵੱਖ ਸਰਵਿਸ ਟਰੇਨਿੰਗ ਅਕੈਡਮੀਆਂ ਵਿਚ ਸ਼ਾਮਲ ਹੋਏ ਹਨ ਅਤੇ ਸੰਸਥਾ ਦੇ 170 ਕੈਡਿਟ ਰੱਖਿਆ ਸੇਵਾਵਾਂ 'ਚ ਕਮਿਸ਼ਨਡ ਅਫ਼ਸਰ ਬਣੇ ਹਨ।

ਪੀਐਸਪੀਸੀਐਲ ਨੇ ਕਣਕ ਦੀਆਂ ਫ਼ਸਲਾਂ ਨੂੰ ਅੱਗ ਤੋਂ ਬਚਾਉਣ ਲਈ ਵਿਸ਼ੇਸ਼ ਮੁਹਿੰਮ ਕੀਤੀ ਸ਼ੁਰੂ : ਬਿਜਲੀ ਮੰਤਰੀ

ਪਟਿਆਲਾ, 12 ਅਪ੍ਰੈਲ (ਪਪ): ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ) ਨੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਕਣਕ ਦੀਆਂ ਫ਼ਸਲਾਂ ਨੂੰ ਅੱਗ ਤੋਂ ਬਚਾਉਣ ਲਈ ਤੇ ਜਾਗਰੂਕ ਕਰਨ ਲਈ ਇਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਐਲਾਨ ਕੀਤਾ ਕਿ ਕਿਸਾਨਾਂ ਨੂੰ ਅੱਗ ਦੇ ਖ਼ਤਰਿਆਂ ਤੋਂ ਬਚਣ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਸਲਾਹ ਦਿਤੀ ਜਾ ਰਹੀ ਹੈ। ਇਸ ਪਹਿਲ ਦਾ ਉਦੇਸ਼ ਢਿੱਲੀਆਂ ਜਾਂ ਹੇਠਾਂ ਲਟਕਦੀਆਂ ਬਿਜਲੀ ਦੀਆਂ ਤਾਰਾਂ, ਜੀ.ਓ. ਸਵਿੱਚਾਂ ਅਤੇ ਹੋਰ ਬਿਜਲੀ ਦੀਆਂ ਨੁਕਸ ਕਾਰਨ ਹੋਣ ਵਾਲੀਆਂ ਅੱਗ ਦੀਆਂ ਘਟਨਾਵਾਂ ਨੂੰ ਘਟਾਉਣਾ ਹੈ। ਅੱਗ ਨਾਲ ਸਬੰਧਤ ਐਮਰਜੈਂਸੀ ਨਾਲ ਨਜਿੱਠਣ ਲਈ ਇਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ। ਕਿਸਾਨਾਂ ਨੂੰ ਅੱਗ ਲੱਗਣ ਦੀ ਕਿਸੇ ਵੀ ਘਟਨਾ ਦੀ ਤੁਰਤ ਅਪਣੇ ਨਜ਼ਦੀਕੀ ਸਬ-ਡਿਵੀਜ਼ਨਲ ਦਫ਼ਤਰ ਜਾਂ ਸ਼ਿਕਾਇਤ ਘਰ ਨੂੰ ਰਿਪੋਰਟ ਕਰਨ ਦੀ ਅਪੀਲ ਕੀਤੀ ਜਾਂਦੀ ਹੈ। ਉਹ ਕੰਟਰੋਲ ਰੂਮ ਨਾਲ 96461-06835, 96461-06836, ਜਾਂ 1912 'ਤੇ ਵੀ ਸੰਪਰਕ ਕਰ ਸਕਦੇ ਹਨ। ਇਸ ਤੋਂ ਇਲਾਵਾ, ਜੇਕਰ ਕੋਈ ਵੀ ਢਿੱਲੀਆਂ ਜਾਂ ਘੱਟ ਲਟਕਦੀਆਂ ਬਿਜਲੀ ਦੀਆਂ ਤਾਰਾਂ ਜਾਂ ਚੰਗਿਆੜੀਆਂ ਨੂੰ ਦੇਖਦਾ ਹੈ, ਤਾਂ ਉਹ 96461-06835 'ਤੇ ਵਟਸਐਪ ਰਾਹੀਂ ਸਥਾਨ ਅਤੇ ਤਸਵੀਰਾਂ ਸਾਂਝੀਆਂ ਕਰ ਸਕਦਾ ਹੈ।

ਅੱਗ ਤੋਂ ਬਚਾਅ ਲਈ ਰੋਕਥਾਮ ਉਪਾਅ ਸਾਂਝੇ ਕੀਤੇ

ਸੁਰੱਖਿਅਤ ਵਾਢੀ ਦੇ ਅਭਿਆਸ: ਕਿਸਾਨਾਂ ਨੂੰ ਕੱਟੀ ਹੋਈ ਕਣਕ ਨੂੰ ਬਿਜਲੀ ਦੀਆਂ ਤਾਰਾਂ ਹੇਠ, ਟਰਾਂਸਫਾਰਮਰਾਂ ਦੇ ਨੇੜੇ, ਜਾਂ ਜੀ.ਓ. ਸਵਿੱਚਾਂ ਦੇ ਨੇੜੇ ਸਟੋਰ ਕਰਨ ਤੋਂ ਬਚਣਾ ਚਾਹੀਦਾ ਹੈ। ਟਰਾਂਸਫਾਰਮਰਾਂ ਦੇ ਆਲੇ-ਦੁਆਲੇ ਇੱਕ ਮਰਲੇ ਦਾ ਖੇਤਰ ਪਹਿਲਾਂ ਹੀ ਸਾਫ਼ ਕਰ ਦੇਣਾ ਚਾਹੀਦਾ ਹੈ। ਚੰਗਿਆੜੀਆਂ ਦੀ ਸਥਿਤੀ 'ਚ ਅੱਗ ਦੇ ਜੋਖ਼ਮ ਨੂੰ ਘਟਾਉਣ ਲਈ ਟਰਾਂਸਫਾਰਮਰਾਂ ਦੇ ਆਲੇ-ਦੁਆਲੇ 10-ਮੀਟਰ ਦਾ ਘੇਰਾ ਗਿੱਲਾ ਰੱਖਣਾ ਚਾਹੀਦਾ ਹੈ। ਕਣਕ ਦੇ ਖੇਤਾਂ ਦੇ ਨੇੜੇ ਸਿਗਰਟਨੋਸ਼ੀ, ਜਿਸ 'ਚ ਬੀੜੀਆਂ ਜਾਂ ਸਿਗਰਟਾਂ ਦੀ ਵਰਤੋਂ ਸ਼ਾਮਲ ਹੈ, ਤੋਂ ਸਖ਼ਤੀ ਨਾਲ ਪਰਹੇਜ਼ ਕਰਨਾ ਚਾਹੀਦਾ ਹੈ। ਕਿਸਾਨਾਂ ਨੂੰ ਬਾਂਸ ਦੀਆਂ ਸੋਟੀਆਂ ਜਾਂ ਖੰਭਿਆਂ ਨਾਲ ਬਿਜਲੀ ਦੀਆਂ ਲਾਈਨਾਂ ਨੂੰ ਨਹੀਂ ਛੂਹਣਾ ਚਾਹੀਦਾ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅਣਅਧਿਕਾਰਤ ਵਿਅਕਤੀ ਲਾਈਵ ਸਵਿੱਚਾਂ ਨਾਲ ਛੇੜਛਾੜ ਨਾ ਕਰਨ। ਕਣਕ ਦੇ ਨਾੜ ਅਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਸਖ਼ਤੀ ਨਾਲ ਪਰਹੇਜ਼ ਕਰਨਾ ਚਾਹੀਦਾ ਹੈ ਤਾਂ ਜੋ ਬੇਕਾਬੂ ਅੱਗ ਲੱਗਣ ਤੋਂ ਬਚਿਆ ਜਾ ਸਕੇ।

'ਆਪਰੇਸ਼ਨ ਸਤਰਕ' ਤਹਿਤ ਅੱਧੀ ਰਾਤ ਅੰਮ੍ਰਿਤਸਰ ਦੀਆਂ ਸੜਕਾਂ 'ਤੇ ਨਿਕਲੇ ਡੀਜੀਪੀ ਗੌਰਵ ਯਾਦਵ

ਡੀਜੀਪੀ ਗੌਰਵ ਯਾਦਵ ਅੰਮ੍ਰਿਤਸਰ ਵਿਚ ਅੱਧੀ ਰਾਤ ਸਮੇਂ ਨਾਕਿਆਂ ਦੀ ਚੈਕਿੰਗ ਕਰਦੇ ਹੋਏ।

ਅੰਮ੍ਰਿਤਸਰ, 12 ਅਪ੍ਰੈਲ (ਗੁਰਨਾਮ ਸਿੰਘ ਲਾਲੀ) : ਜਿੱਥੇ ਇਕ ਪਾਸੇ ਪੰਜਾਬ ਪੁਲਿਸ ਤੇ ਪੰਜਾਬ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁਧ ਮੁਹਿੰਮ ਤਹਿਤ ਵੱਡੀਆਂ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਹੁਣ ਪੰਜਾਬ ਪੁਲਿਸ ਵਲੋਂ ਆਪਰੇਸ਼ਨ ਸਤਰਕ ਸ਼ੁਰੂ ਕੀਤਾ ਗਿਆ ਹੈ। ਇਸ ਦੇ ਤਹਿਤ ਅੰਮ੍ਰਿਤਸਰ ਦੀਆਂ ਸੜਕਾਂ ਤੇ ਅੱਧੀ ਰਾਤ ਡੀਜੀਪੀ ਪੰਜਾਬ ਪਹੁੰਚੇ ਅਤੇ ਅੰਮ੍ਰਿਤਸਰ ਪੁਲਿਸ ਵਲੋਂ ਕੀਤੀ ਗਈ ਨਾਕੇਬੰਦੀ ਦੀ ਚੈਕਿੰਗ ਕੀਤੀ। ਇਸ ਦੌਰਾਨ ਡੀਜੀਪੀ ਪੰਜਾਬ ਵਲੋਂ ਖੁਦ ਨਾਕਿਆਂ 'ਤੇ ਚੈਕਿੰਗ ਕੀਤੀ ਗਈ ਅਤੇ ਪੁਲਿਸ ਦੀ ਹੌਸਲਾ ਅਫਜ਼ਾਈ ਕੀਤੀ ਗਈ। ਡੀਜੀਪੀ ਪੰਜਾਬ ਗੌਰਵ ਯਾਦਵ ਨੇ ਕਿਹਾ ਕਿ ਤਿਉਹਾਰਾਂ ਦੇ ਮੱਦੇਨਜ਼ਰ ਪੰਜਾਬ ਪੁਲਿਸ ਵਲੋਂ 'ਆਪਰੇਸ਼ਨ ਸਤਰਕ' ਸ਼ੁਰੂ ਕੀਤਾ ਗਿਆ ਹੈ ਜਿਸ ਦੇ ਤਹਿਤ ਉਨ੍ਹਾਂ ਵਲੋਂ ਨਾਕਿਆਂ 'ਤੇ ਜਾ ਕੇ ਚੈਕਿੰਗ ਕੀਤੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪਿਛਲੇ ਇਕ ਮਹੀਨੇ ਤੋਂ ਪੁਲਿਸ ਨੂੰ ਵੱਡੀਆਂ ਕਾਮਯਾਬੀਆਂ ਹੱਥ ਲੱਗੀਆਂ ਹਨ ਅਤੇ ਪੁਲਿਸ ਵਲੋਂ ਵੱਡੇ ਨਸ਼ਾ ਤਸਕਰਾਂ ਤੇ ਨੱਥ ਪਾਈ ਗਈ ਹੈ ਅਤੇ ਜੋ ਪੁਲਿਸ ਵਲੋਂ ਐਂਟੀ ਡਰੋਨ ਸਿਸਟਮ ਸ਼ੁਰੂ ਕੀਤਾ ਗਿਆ ਸੀ ਉਹ ਵੀ ਕਾਫੀ ਕਾਰਗਰ ਸਾਬਤ ਹੋ ਰਿਹਾ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁਧ 'ਚ ਲੋਕ ਵੀ ਉਨ੍ਹਾਂ ਦਾ ਸਹਿਯੋਗ ਕਰਨ ਤਾਂ ਜੋ ਕਿ ਪੰਜਾਬ ਵਿਚ ਨਸ਼ੇ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਸ਼ੇ ਦੀ ਰੋਕਥਾਮ ਲਈ ਉਹ ਬਾਰਡਰਾਂ ਦੇ ਉੱਪਰ 2100 ਦੇ ਕਰੀਬ ਕੈਮਰੇ ਵੀ ਲਗਾਉਣਗੇ ਤਾਂ ਜੋ ਕਿ ਨਸ਼ਾ ਤਸਕਰਾਂ ਤੇ ਪੂਰੀ ਤਰੀਕੇ ਨਕੇਲ ਕੱਸੀ ਜਾਵੇ। ਪੁਲਿਸ ਅਧਿਕਾਰੀ ਕੋਲੋਂ ਫੜੀ ਗਈ ਹੈਰੋਇਨ ਦੇ ਮਾਮਲੇ 'ਚ ਬੋਲਦੇ ਹੋਏ ਡੀਜੀਪੀ ਪੰਜਾਬ ਨੇ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਚਾਹੇ ਉਹ ਪੁਲਿਸ ਦਾ ਹੀ ਮੁਲਾਜ਼ਮ ਕਿਉਂ ਨਾ ਹੋਵੇ। ਡੀਜੀਪੀ ਪੰਜਾਬ ਅੱਜ ਅੰਮ੍ਰਿਤਸਰ ਦੇ ਨਾਕਿਆਂ ਨੂੰ ਚੈੱਕ ਕਰਨ ਤੋਂ ਬਾਅਦ ਸਰਹੱਦੀ ਪਿੰਡਾਂ ਵਿਚ ਕੀਤੀ ਜਾ ਰਹੀ ਚੈਕਿੰਗ ਦਾ ਜਾਇਜ਼ਾ ਲੈਣ ਲਈ ਪਿੰਡਾਂ ਵਿਚ ਵੀ ਗਏ।

ਪੰਜਾਬ ਦੇ ਕਈ ਹਲਕਿਆਂ ਵਿਚ ਪਿਆ ਹਲਕਾ ਤੇ ਦਰਮਿਆਨਾ ਮੀਂਹ

ਚੰਡੀਗੜ੍ਹ, 12 ਅਪ੍ਰੈਲ (ਬਡਿੰਗ) : ਚੰਡੀਗੜ੍ਹ ਅਤੇ ਨਾਲ ਲੱਗਦੇ ਪੰਜਾਬ ਦੇ ਕੁਝ ਇਲਾਕਿਆਂ ਵਿਚ ਇਸ ਸਮੇਂ ਤੇਜ਼ ਹਵਾਵਾਂ ਨਾਲ ਭਾਰੀ ਮੀਂਹ ਪਿਆ। ਮੌਸਮ ਵਿਭਾਗ ਦਾ ਕਹਿਣਾ ਹੈ ਕਿ ਇਹ ਸਿਲਸਲਾ ਅਗਲੇ 24 ਘੰਟਿਆਂ ਦੌਰਾਨ ਜਾਰੀ ਰਹੇਗਾ। ਮੌਸਮ ਵਿਭਾਗ ਦਾ ਕਹਿਣਾ ਹੈ ਕਿ ਪੰਜਾਬ ਦੇ ਕਈ ਜ਼ਿਲ੍ਹਿਆਂ ਵਿਚ ਭਾਰੀ ਬਾਰਸ਼ ਹੋ ਸਕਦੀ ਹੈ। ਨਾਲ ਲੱਗਦੇ ਹਿਮਾਚਲ ਵਿਚ ਵੀ ਇਸ ਸਮੇਂ ਭਾਰੀ ਬਾਰਿਸ਼ ਹੋ ਰਹੀ ਹੈ। ਇਸ ਦਾ ਅਸਰ ਪੰਜਾਬ ਉਤੇ ਵੀ ਪਵੇਗਾ। ਕੌਮੀ ਰਾਜਧਾਨੀ ਵਿਚ ਸ਼ੁਕਰਵਾਰ ਸ਼ਾਮ ਨੂੰ ਆਏ ਧੂੜ ਭਰੇ ਝੱਖੜ ਮਗਰੋਂ ਦਿੱਲੀ ਆਉਣ ਵਾਲੀਆਂ ਛੇ ਉਡਾਣਾਂ ਨੂੰ ਚੰਡੀਗੜ੍ਹ ਡਾਈਵਰਟ ਕੀਤਾ ਗਿਆ ਹੈ। ਸ੍ਰੀਨਗਰ-ਦਿੱਲੀ, ਮੁੰਬਈ-ਦਿੱਲੀ, ਦਰਭੰਗਾ-ਦਿੱਲੀ ਉਡਾਣਾਂ ਚੰਡੀਗੜ੍ਹ ਹਵਾਈ ਅੱਡੇ ਉੱਤੇ ਉਤਰਨ ਲਈ ਮਜਬੂਰ ਹੋਣਾ ਪਿਆ। ਦਰਅਸਲ, ਵੀਰਵਾਰ ਤੋਂ ਬਾਅਦ, ਸ਼ੁਕਰਵਾਰ ਨੂੰ ਵੀ ਲਾਹੌਲ ਘਾਟੀ 'ਚ ਉਚਾਈਆਂ 'ਤੇ ਬਰਫ਼ਬਾਰੀ ਅਤੇ ਨੀਵੀਆਂ ਉਚਾਈਆਂ 'ਤੇ ਮੀਂਹ ਜਾਰੀ ਰਿਹਾ। ਘਾਟੀ ਦੇ ਤਾਪਮਾਨ ਵਿਚ ਭਾਰੀ ਗਿਰਾਵਟ ਦਰਜ ਕੀਤੀ ਜਾ ਰਹੀ ਹੈ, ਜਿਸ ਕਾਰਨ ਲੋਕ ਘਰਾਂ ਦੇ ਅੰਦਰ ਰਹਿਣ ਲਈ ਮਜਬੂਰ ਹਨ।

ਮੈਲਬੌਰਨ 'ਚ ਪੰਜਾਬੀ ਟਰੱਕ ਡਰਾਈਵਰ ਦੀ ਹਾਦਸੇ ਵਿਚ ਮੌਤ

ਅੰਮ੍ਰਿਤਸਰ, 12 ਅਪ੍ਰੈਲ (ਲਾਲੀ): ਆਸਟਰੇਲੀਆ ਦੇ ਮੈਲਬੋਰਨ 'ਚ ਪੰਜਾਬੀ ਟਰੱਕ ਡਰਾਈਵਰ ਦੀ ਸੜਕ ਹਾਦਸੇ 'ਚ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ ਹਰਨੂਰ ਸਿੰਘ ਪੁੱਤਰ ਹਰਪਾਲ ਸਿੰਘ ਵਜੋਂ ਹੋਈ ਹੈ ਜੋ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਬਰਾੜ ਦਾ ਰਹਿਣ ਵਾਲਾ ਸੀ। ਮ੍ਰਿਤਕ ਦੇ ਪਿਤਾ ਹਰਪਾਲ ਸਿੰਘ ਨੇ ਦਸਿਆ ਕਿ ਉਨ੍ਹਾਂ ਦਾ ਇਕਲੌਤਾ ਪੁੱਤਰ 2018 ਵਿਚ ਮੈਲਬੋਰਨ ਗਿਆ ਸੀ। ਉਹ ਪੀ. ਆਰ ਸੀ। ਬੀਤੇ ਦਿਨੀਂ ਉਹ ਟਰੱਕ ਲੈ ਕੇ ਸਿਡਨੀ ਤੋਂ ਐਡੀਲੇਡ ਜਾ ਰਿਹਾ ਸੀ। ਰਸਤੇ ਵਿਚ ਹੀ ਵਾਪਰੇ ਟਰੱਕ ਹਾਦਸੇ 'ਚ ਹਰਨੂਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਰਨੂਰ ਸਿੰਘ ਦੀ ਮੌਤ ਦੀ ਖ਼ਬਰ ਸੁਣਦਿਆਂ ਪੂਰੇ ਪਿੰਡ ਵਿਚ ਸੋਗ ਦੀ ਲਹਿਰ ਦੌੜ ਗਈ। ਪ੍ਰਵਾਰ ਨੇ ਉਸ ਦੀ ਮ੍ਰਿਤਕ ਦੇਹ ਪੰਜਾਬ ਲਿਆਉਣ ਲਈ ਸਰਕਾਰ ਤੋਂ ਸਹਿਯੋਗ ਦੀ ਮੰਗ ਕੀਤੀ ਹੈ।

pnb Housing Finance Limited
ਰਜਿ. ਦਫ਼ਤਰ : 9ਵੀਂ ਮੰਜ਼ਿਲ, ਅੰਤਰਿਕਸ਼ ਭਵਨ, 22, ਕੇ.ਜੀ. ਮਾਰਗ, ਨਵੀਂ ਦਿੱਲੀ-110001, ਫੋਨ : 011-23357171, 23357172, 23705414, ਵੈਬਸਾਈਟ :www.pnbhousing.com
ਬਰਾਂਚ ਦਾ ਪਤਾ : BXIX, 262/1, ਪਹਿਲੀ ਮੰਜਿਲ, ਡਾ. ਸ਼ਾਮ ਸਿੰਘ ਰੋਡ, ਫਿਰੋਜ਼ਪੁਰ ਰੋਡ, ਸਾਹਮਣੇ ਫਿਰੋਜ਼ਗਾਂਧੀ ਮਾਰਕਿਟ ਲੁਧਿਆਣਾ 141001 ਪੰਜਾਬ

ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਿਵੇਂ ਕਿ ਪੀਐਨਬੀ ਹਾਊਸਿਗ ਫਾਈਨਾਂਸ ਲਿਮ. ਦੇ ਨਿਮਨਹਸਤਾਖਰੀ ਅਧਿਕਾਰਤ ਅਫ਼ਸਰ ਦੁਆਰਾ ਸਕਿਊਰਟੀਜ਼ੇਸ਼ਨ ਐਂਡ ਰੀਕੰਸਟਰਕਸ਼ਨ ਆਫ ਫ਼ਾਨਾਂਸ਼ੀਅਲ ਅਸੈਟਸ ਐਂਡ ਸਕਿਊਰਟੀ ਇੰਟਰਸਟ ਐਕਟ 2002 ਦੇ ਇਨਫੋਰਸਮੈਂਟ ਆਫ ਰੂਲਜ਼ 8(1) ਦੀ ਪਾਲਣਾ ਕਰਦਿਆਂ ਅਤੇ ਸਕਿਊਰਟੀ ਇੰਟਰਸਟ (ਇੰਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਵਿਰੁਧ ਦਰਸਾਈ ਮਿਤੀ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਸਬੰਧਤ ਕਰਜ਼ਦਾਰਾਂ ਨੂੰ ਹਰੇਕ ਖਾਤੇ ਵਿਰੁਧ ਦਰਸਾਈ ਰਕਮ ਉਕਤ ਨੋਟਿਸ ਦੀ ਮਿਤੀ/ਪ੍ਰਾਪਤ ਹੋਣ ਦੀ ਮਿਤੀ ਦੇ 60 ਦਿਨਾਂ ਦੇ ਅੰਦਰ ਅਦਾ ਕਰਨੇ ਲਈ ਕਿਹਾ ਸੀ।
ਕਰਜ਼ਦਾਰ/† ਰਕਮ ਵਾਪਸ ਕਰਨ 'ਚ ਅਸਫ਼ਲ ਰਹੇ, ਇਸ ਲਈ ਇਸ ਨੋਟਿਸ ਰਾਹੀਂ ਕਰਜ਼ਦਾਰ/† ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਨਾਲ